# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

ਮਿਤੀ :15-05-2026

ਦੁਨੀਆ ਭਰ ਵਿੱਚ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਵਾਧੇ ਤੋਂ ਬਾਅਦ, ਤੇਲ ਕੰਪਨੀਆਂ ਨੇ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ 3 ਰੁਪਏ ਪ੍ਰਤੀ ਲੀਟਰ ਦਾ ਵਾਧਾ ਕੀਤਾ ਏ । ਦਿੱਲੀ ਵਿੱਚ, ਪੈਟਰੋਲ ਦੀ ਕੀਮਤ ਹੁਣ 97 ਰੁਪਏ 77 ਪੈਸੇ ਪ੍ਰਤੀ ਲੀਟਰ ਜਦਕਿ ਡੀਜ਼ਲ ਦੀ ਕੀਮਤ 90 ਰੁਪਏ 67 ਪੈਸੇ ਪ੍ਰਤੀ ਲੀਟਰ ਹੋ ਗਈ ਏ। ਕੋਲਕਾਤਾ ਵਿੱਚ ਪੈਟਰੋਲ 108 ਰੁਪਏ 74 ਪੈਸੇ ਤੇ ਡੀਜ਼ਲ 95 ਰੁਪਏ 13 ਪੈਸੇ ਪ੍ਰਤੀ ਲੀਟਰ ਦੀ ਕੀਮਤ 'ਤੇ ਮੁਹੱਈਆ ਏ।

------------------------------------------------------------------

ਰਾਸ਼ਟਰੀ ਪ੍ਰੀਖਿਆ ਏਜੰਸੀ (ਐੱਨ.ਟੀ.ਏ.) ਨੇ ਐਲਾਨ ਕੀਤਾ ਏ ਕਿ ਨੀਟ ਯੂ.ਜੀ. -2026 ਦੀ ਮੁੜ ਪ੍ਰੀਖਿਆ 21 ਜੂਨ ਨੂੰ ਹੋਵੇਗੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਏਜੰਸੀ ਨੇ ਉਮੀਦਵਾਰਾਂ ਅਤੇ ਮਾਪਿਆਂ ਨੂੰ ਸਿਰਫ਼ ਐੱਨ.ਟੀ.ਏ. ਦੇ ਅਧਿਕਾਰਤ ਚੈਨਲਾਂ 'ਤੇ ਭਰੋਸਾ ਕਰਨ ਦੀ

ਅਪੀਲ ਕੀਤੀ ਏ । ਇਸ ਤੋਂ ਪਹਿਲਾਂ, ਇਸੇ ਮਹੀਨੇ ਦੀ 3 ਤਰੀਕ ਨੂੰ ਹੋਣ ਵਾਲੀ ਪ੍ਰੀਖਿਆ ਕਥਿਤ ਪੇਪਰ ਲੀਕ ਕਾਰਨ ਰੱਦ ਕਰ ਦਿੱਤੀ ਗਈ ਸੀ ਅਤੇ ਸੀ.ਬੀ.ਆਈ. ਹੁਣ ਇਸ ਮਾਮਲੇ ਦੀ ਜਾਂਚ ਕਰ ਰਹੀ ਏ । ਆਉਣ ਵਾਲੀ ਰਾਸ਼ਟਰੀ ਯੋਗਤਾ ਤੇ ਦਾਖਲਾ ਪ੍ਰੀਖਿਆ (ਨੀਟ) ਦੀਆਂ ਤਿਆਰੀਆਂ ਦੀ ਸਮੀਖਿਆ ਕਰਨ ਲਈ ਕੱਲ੍ਹ ਰਾਤ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੀ ਰਿਹਾਇਸ਼ 'ਤੇ ਉੱਚ-ਪੱਧਰੀ ਮੀਟਿੰਗ ਹੋਈ। ਮੀਟਿੰਗ ਵਿੱਚ ਉੱਚ-ਸਿੱਖਿਆ ਸਕੱਤਰ, ਸਕੂਲ ਸਿੱਖਿਆ ਸਕੱਤਰ, ਰਾਸ਼ਟਰੀ ਪ੍ਰੀਖਿਆ ਏਜੰਸੀ ਦੇ ਡਾਇਰੈਕਟਰ ਜਨਰਲ, ਸੀ.ਬੀ.ਐੱਸ.ਈ. ਦੇ ਚੇਅਰਮੈਨ ਅਤੇ ਕੇਂਦਰੀ ਵਿੱਦਿਆਲਿਆ ਸੰਗਠਨ ਤੇ ਨਵੋਦਿਆ ਵਿੱਦਿਆਲਿਆ ਸਮਿਤੀ ਦੇ ਕਮਿਸ਼ਨਰਾਂ ਸਮੇਤ ਹੋਰ ਸੀਨੀਅਰ ਅਫ਼ਸਰ ਸ਼ਾਮਲ ਹੋਏ।

---------------------------------------------------------------------------

ਅੱਜ ਸਵੇਰੇ ਸਨਅਤੀ ਸ਼ਹਿਰ ਲੁਧਿਆਣਾ ਦੇ ਹਲਵਾਰਾ ਹਵਾਈ ਅੱਡੇ ‘ਤੇ ਏਅਰ ਇੰਡੀਆ ਦੀ ਪਹਿਲੀ ਉਡਾਣ ਪੁੱਜੀ। ਇਸ ਨਾਲ ਸਨਅਤਕਾਰਾਂ ਅਤੇ ਹੋਰ ਲੋਕਾਂ ਦੀ ਤਿੰਨ ਦਹਾਕਿਆਂ ਪੁਰਾਣੀ ਮੰਗ ਪੂਰੀ ਹੋ ਗਈ ਏ। ਇਸ ਉਡਾਣ ਸਦਕਾ ਲੁਧਿਆਣਾ, ਭਾਰਤ ਦੇ ਵਪਾਰਕ ਉਡਾਣ ਨਕਸ਼ੇ ‘ਤੇ ਆ ਗਿਆ ਏ। ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਨੇ ਸੰਸਦ

ਮੈਂਬਰ ਵਿਕਰਮਜੀਤ ਸਿੰਘ ਸਾਹਨੀ ਅਤੇ ਰਾਜਿੰਦਰ ਗੁਪਤਾ ਤੇ ਹੋਰ ਯਾਤਰੀਆਂ ਨਾਲ ਦਿੱਲੀ ਤੋਂ ਲੁਧਿਆਣਾ ਲਈ ਇਸ ਸ਼ੁਰੂਆਤੀ ਉਡਾਣ ਵਿੱਚ ਸਫ਼ਰ ਕੀਤਾ। ਏਅਰ ਇੰਡੀਆ ਨੇ ਆਪਣੀਆਂ ਉਡਾਣਾਂ ਦਾ ਸਮਾਂ ਇਸ ਤਰ੍ਹਾਂ ਨਿਰਧਾਰਤ ਕੀਤਾ ਏ ਕਿ ਦਿੱਲੀ ਤੋਂ ਉਸੇ ਦਿਨ ਯੂਨਾਈਟਿਡ ਕਿੰਗਡਮ ਅਤੇ ਯੂਰਪ ਦੀਆਂ ਹੋਰ ਮੰਜ਼ਿਲਾਂ , ਜਿਨ੍ਹਾਂ ਵਿੱਚ ਰੋਮ, ਮਿਲਾਨ ਤੇ ਪੈਰਿਸ ਸ਼ਾਮਲ ਨੇ, ਤੱਕ ਲਈ ਯਾਤਰੀਆਂ ਨੂੰ ਸੰਪਰਕ ਸਹੂਲਤ ਦਿੱਤੀ ਜਾ ਸਕੇ। ਤੈਅ ਸ਼ਡਿਊਲ ਮੁਤਾਬਕ ਉਡਾਣ ਨੰ. ਏਆਈ-481 ਸਵੇਰੇ 05:55 ਵਜੇ ਦਿੱਲੀ ਤੋਂ ਰਵਾਨਾ ਹੋਵੇਗੀ ਅਤੇ 07:05 ਵਜੇ ਹਲਵਾਰਾ ਪਹੁੰਚੇਗੀ। ਇਸ ਤੋਂ ਬਾਅਦ ਵਾਪਸੀ ਉਡਾਣ ਏਆਈ-482 ਹਲਵਾਰਾ ਤੋਂ 07:55 ਵਜੇ ਰਵਾਨਾ ਹੋਵੇਗੀ ਅਤੇ 09:10 ਵਜੇ ਦਿੱਲੀ ਪਹੁੰਚੇਗੀ। ਇਸ ਤੋਂ ਪਹਿਲਾਂ, ਇਸੇ ਸਾਲ ਪਹਿਲੀ ਫਰਵਰੀ ਨੂੰ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਹਲਵਾਰਾ ਹਵਾਈ ਅੱਡੇ ਦੇ ਟਰਮੀਨਲ ਭਵਨ ਦਾ ਉਦਘਾਟਨ ਕੀਤਾ ਸੀ।

--------------------------------------------------------------------

ਪੰਜਾਬ ਦੇ ਮੁੱਖ ਚੋਣ ਅਫ਼ਸਰ ਪੰਜਾਬ  ਅਨਿੰਦਿਤਾ ਮਿੱਤਰਾ ਨੇ ਦੱਸਿਆ ਏ ਕਿ ਸੂਬੇ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ

(ਐੱਸ.ਆਈ.ਆਰ.) ਪੂਰੀ ਪਾਰਦਰਸ਼ਤਾ ਨਾਲ ਕਰਵਾਈ ਜਾਵੇਗੀ। ਐੱਸ.ਆਈ.ਆਰ ਤਹਿਤ 25 ਜੂਨ ਤੋਂ 24 ਜੁਲਾਈ 2026 ਤੱਕ ਬੀ.ਐੱਲ.ਓਜ਼ ਘਰ-ਘਰ ਜਾ ਕੇ ਵੋਟਰਾਂ ਦੇ ਫਾਰਮ ਭਰਵਾਉਣਗੇ। ਸ੍ਰੀਮਤੀ ਮਿਤਰਾ ਨੇ ਦੱਸਿਆ ਕਿ ਪੋਲਿੰਗ ਸਟੇਸ਼ਨਾਂ ਨੂੰ ਤਰਕਸੰਗਤ ਬਣਾਉਣ ਦਾ ਕੰਮ 24 ਜੁਲਾਈ 2026 ਤੱਕ ਕੀਤਾ ਜਾਵੇਗਾ, ਜਦਕਿ ਵੋਟਰ ਸੂਚੀ ਦਾ ਖਰੜਾ 31 ਜੁਲਾਈ ਨੂੰ ਜਾਰੀ ਕੀਤਾ ਜਾਵੇਗਾ। ਵੋਟਰ ਸੂਚੀਆਂ ਸਬੰਧੀ ਦਾਅਵੇ ਤੇ ਇਤਰਾਜ਼ 31 ਜੁਲਾਈ ਤੋਂ 30 ਅਗਸਤ ਤੱਕ ਦਿੱਤੇ ਜਾ ਸਕਣਗੇ, ਜਦਕਿ ਇਨ੍ਹਾਂ ਦਾ ਨਿਪਟਾਰਾ 28 ਸਤੰਬਰ 2026 ਤੱਕ ਕੀਤਾ ਜਾਵੇਗਾ। ਅੰਤਿਮ ਵੋਟਰ ਸੂਚੀ ਪਹਿਲੀ ਅਕਤੂਬਰ 2026 ਨੂੰ ਪ੍ਰਕਾਸ਼ਤ ਕੀਤੀ ਜਾਵੇਗੀ।

---------------------------------------------------------------------------

ਮੋਹਾਲੀ ਦੇ ਜ਼ੀਰਕਪੁਰ ਸਥਿਤ ਛੱਤ ਲਾਈਟ ਚੌਂਕ ਨੇੜੇ ਅੱਜ ਤੜਕੇ ਨਿੱਜੀ ਬੱਸ ਅਤੇ ਟਰੱਕ ਵਿਚਾਲੇ ਹੋਈ ਟੱਕਰ ਹੋ ਗਈ, ਇਹ ਸੈਲਾਨੀ ਬੱਸ ਮਨਾਲੀ ਤੋਂ ਦਿੱਲੀ ਜਾ ਰਹੀ ਸੀ। ਹਾਦਸੇ ਵੇਲੇ ਬੱਸ ਵਿੱਚ ਕਰੀਬ 45 ਯਾਤਰੀ ਸਵਾਰ ਸਨ, ਜਿਵੇਂ ਹੀ ਬੱਸ ਛੱਤ ਲਾਈਟ ਚੌਕ ਨੇੜੇ ਪਹੁੰਚੀ ਤਾਂ ਜ਼ੀਰਕਪੁਰ ਤੋਂ ਪਟਿਆਲਾ ਵੱਲ ਜਾ ਰਹੇ ਟਰੱਕ ਨੇ ਬੱਸ ਨੂੰ ਟੱਕਰ ਮਾਰ ਦਿੱਤੀ ਤੇ ਬੱਸ ਸੜਕ ’ਤੇ ਪਲਟ ਗਈ। ਸਥਾਨਕ ਲੋਕਾਂ ਅਤੇ ਸੜਕ ਸੁਰੱਖਿਆ ਪੁਲਿਸ ਦੇ ਕਰਮਚਾਰੀਆਂ ਨੇ ਮਿਲ ਕੇ, ਬੱਸ ਵਿੱਚ ਫਸੇ

ਜ਼ਖ਼ਮੀ ਮੁਸਾਫ਼ਰਾਂ ਨੂੰ ਬਾਹਰ ਕੱਢਿਆ। ਜ਼ਖ਼ਮੀਆਂ ਨੂੰ ਡੇਰਾਬੱਸੀ ਸਿਵਲ ਹਸਪਤਾਲ ਪਹੁੰਚਾਇਆ ਗਿਆ ਤੇ ਉਥੋਂ ਕਈ ਗੰਭੀਰ ਜ਼ਖ਼ਮੀਆਂ ਨੂੰ ਚੰਡੀਗੜ੍ਹ ਦੇ ਸੈਕਟਰ-32 ਹਸਪਤਾਲ ਲਈ ਰੈਫਰ ਕੀਤਾ ਗਿਆ। ਹਾਦਸੇ ਪਿੱਛੋਂ ਹਾਈਡ੍ਰਾ ਮਸ਼ੀਨ ਦੀ ਮਦਦ ਨਾਲ ਬੱਸ ਨੂੰ ਸੜਕ ਤੋਂ ਹਟਾਇਆ ਗਿਆ। ਪੁਲਿਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਏ।

---------------------------------------------------------------------

ਪੰਜਾਬੀ ਯੂਨੀਵਰਸਿਟੀ ਦੇ ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਕੱਲ੍ਹ ਯੂਨੀਵਰਸਿਟੀ ਕੈਂਪਸ ਵਿੱਚ ਜਨਗਣਨਾ 2027 ਦੇ ਕਾਰਜਾਂ ਅਤੇ ਸਵੈ-ਗਣਨਾ ਮੁਹਿੰਮ ਦਾ ਰਸਮੀ ਤੌਰ 'ਤੇ ਉਦਘਾਟਨ ਕੀਤਾ। ਡਾ. ਜਗਦੀਪ ਸਿੰਘ ਨੇ ਡਿਜੀਟਲ ਸਵੈ-ਗਣਨਾ ਰਾਹੀਂ ਆਪਣੇ ਨਿੱਜੀ ਵੇਰਵੇ ਪੋਰਟਲ 'ਤੇ ਦਰਜ ਕਰ ਕੇ ਇਸ ਮੁਹਿੰਮ ਦਾ ਆਗਾਜ਼ ਕੀਤਾ ਏ। ਇਸ ਮੌਕੇ ਉਨ੍ਹਾਂ ਕਿਹਾ ਕਿ ਪਹਿਲੀ ਵਾਰ ਡਿਜੀਟਲ ਤਕਨਾਲੋਜੀ ਰਾਹੀਂ ਨਾਗਰਿਕਾਂ ਨੂੰ ਘਰ ਬੈਠੇ ਸਵੈ-ਗਣਨਾ ਕਰਨ ਦੀ ਸ਼ਕਤੀ ਮਿਲੀ ਏ।